**ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਐਸ.ਏ.ਐਸ.ਨਗਰ**

ਹੁਕਮ ਨੰ: 6/44-2010 ਅ 2(5) ਕੋ:ਸੈਲ:3
ਮਿਤੀ, ਐਸ.ਏ.ਐਸ.ਨਗਰ :- 01.12.2015

ਸ਼੍ਰੀਮਤੀ ਸ਼ਰਨਜੀਤ ਕੌਰ, ਪੰਜਾਬੀ ਮਿਸਟ੍ਰੈਸ, ਸਰਕਾਰੀ ਮਿਡਲ ਸਕੂਲ ਸ਼ਾਮਦੂ ਕੰਪ: ਸਕੰਹਸ ਕਾਲਕਾ ਰੋਡ, ਰਾਜਪੁਰਾ ਜ਼ਿਲ੍ਹਾ ਪਟਿਆਲਾ, ਜੋ ਮਿਤੀ 25-04-2008 ਤੋਂ ਹੁਣ ਤੱਕ ਸਰਕਾਰੀ ਡਿਊਟੀ ਤੋਂ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਚੱਲੀ ਆ ਰਹੀ ਹੈ ਨੂੰ ਇਸ ਵਿਭਾਗ ਦੇ ਹੁਕਮ ਨੰ: 6/44-2010 ਅ 2(5) ਮਿਤੀ 16.06.11/28.06.11 ਰਾਹੀਂ ਪੰਜਾਬ ਸਿਵਲ ਸੇਵਾਵਾਂ (ਸਜ਼ਾ ਅਤੇ ਅਪੀਲ) ਨਿਯਮਾਂਵਲੀ 1970 ਦੀ ਧਾਰਾ 8 ਦੇ ਨਿਯਮ 5(v-ix) ਅਧੀਨ ਦੋਸ਼ ਸੂਚੀ ਜਾਰੀ ਕੀਤੀ ਗਈ ਸੀ।

ਸ਼੍ਰੀਮਤੀ ਸ਼ਰਨਜੀਤ ਕੌਰ, ਪੰਜਾਬੀ ਮਿਸਟ੍ਰੈਸ, ਸਰਕਾਰੀ ਮਿਡਲ ਸਕੂਲ ਸ਼ਾਮਦੂ ਕੰਪ: ਸਕੰਹਸ ਕਾਲਕਾ ਰੋਡ, ਰਾਜਪੁਰਾ ਜ਼ਿਲ੍ਹਾ ਪਟਿਆਲਾ ਵੱਲੋਂ ਦੋਸ਼ ਸੂਚੀ ਦਾ ਉਤਰ ਪ੍ਰਾਪਤ ਨਾ ਹੋਣ ਕਾਰਨ, ਉਸ ਵਿਰੁੱਧ ਦੋਸ਼ ਸੂਚੀ ਵਿਚ ਲਗਾਏ ਗਏ ਦੋਸ਼ਾਂ ਦੀ ਸਚਾਈ ਜਾਨਣ ਲਈ ਇਸ ਵਿਭਾਗ ਦੇ ਹੁਕਮ ਨੰ: 6/44-2010 ਅ 2(5) ਮਿਤੀ 11.09.11/10.01.12 ਰਾਂਹੀ ਸ਼੍ਰੀਮਤੀ ਕਿਰਨਜੀਤ ਕੌਰ, ਪ੍ਰਿੰਸੀਪਲ, ਸਸਸਸ ਸਿਵਲ ਲਾਈਨ, ਪਟਿਆਲਾ ਨੂੰ ਪੜਤਾਲੀਆ ਅਫਸਰ ਨਿਯੁਕਤ ਕੀਤਾ ਗਿਆ ਸੀ। ਪੜਤਾਲੀਆ ਅਫਸਰ ਵੱਲੋਂ ਆਪਣੀ ਪੜਤਾਲ ਰਿਪੋਰਟ ਵਿੱਚ ਕਰਮਚਾਰਨ ਦੇ ਮਿਤੀ 25-04-2008 ਤੋਂ ਹੁਣ ਤੱਕ ਅਣਅਧਿਕਾਰਤ ਤੌਰ ਤੇ ਗੈਰ ਹਾਜ਼ਰ ਰਹਿਣ ਦਾ ਦੋਸ਼ ਸਿੱਧ ਕੀਤਾ। ਫਿਰ ਵੀ ਕਰਮਚਾਰਨ ਨੂੰ ਮਿਤੀ 17.07.15 ਨੂੰ ਨਿਜੀ ਸੁਣਵਾਈ ਲਈ ਬੁਲਾਇਆ ਗਿਆ ਜਿਸ ਵਿੱਚ ਕਰਮਚਾਰਨ ਹਾਜ਼ਰ ਨਹੀਂ ਹੋਈ। ਉਸ ਉਪਰੰਤ ਦੂਜੀ ਵਾਰ ਨਿਜੀ ਸੁਣਵਾਈ ਦਾ ਮੌਕਾ ਦਿੰਦੇ ਹੋਏ ਮਿਤੀ 21.08.15 ਨੂੰ ਬੁਲਾਇਆ ਗਿਆ ਸੀ। ਪਰੰਤੂ ਉਸ ਦਿਨ ਵੀ ਕਰਮਚਾਰਨ ਨਿਜੀ ਸੁਣਵਾਈ ਲਈ ਹਾਜ਼ਰ ਨਹੀ ਹੋਈ।

ਕੁਦਰਤੀ ਨਿਆਂ ਨੂੰ ਮੁੱਖ ਰੱਖਦਿਆਂ ਹੋਇਆ ਸ਼੍ਰੀਮਤੀ ਸ਼ਰਨਜੀਤ ਕੌਰ, ਪੰਜਾਬੀ ਮਿਸਟ੍ਰੈਸ, ਸਰਕਾਰੀ ਮਿਡਲ ਸਕੂਲ ਸ਼ਾਮਦੂ ਕੰਪ: ਸਕੰਹਸ ਕਾਲਕਾ ਰੋਡ, ਰਾਜਪੁਰਾ ਜ਼ਿਲ੍ਹਾ ਪਟਿਆਲਾ ਨੂੰ ਆਪਣੀ ਡਿਊਟੀ ਤੋਂ ਅਣਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਕਾਰਨ ਮਿਤੀ 29.10.15 ਨੂੰ ਹਿੰਦੁਸਤਾਨ ਟਾਈਮਜ ਚੰਡੀਗੜ੍ਹ ਵਿੱਚ ਪਬਲਿਕ ਨੋਟਿਸ ਦਿੱਤਾ ਗਿਆ ਜਿਸ ਵਿੱਚ ਲੜੀ ਨੰ: 17 ਤੇ ਕਰਮਚਾਰਨ ਦਾ ਨਾਮ ਦਰਸਾਇਆ ਗਿਆ ਹੈ। ਇਸ ਪਬਲਿਕ ਨੋਟਿਸ ਵਿੱਚ ਇਸ ਕਰਮਚਾਰਨ ਨੂੰ ਮੌਕਾ ਦਿੱਤਾ ਗਿਆ ਕਿ ਉਹ ਆਪਣੇ ਪੱਖ ਵਿੱਚ ਜੇਕਰ ਕੁਝ ਕਹਿਣਾ ਚਾਹੁੰਦੀ ਹੈ ਤਾਂ 21 ਦਿਨਾਂ ਦੇ ਅੰਦਰ-ਅੰਦਰ ਆਪਣਾ ਉੱਤਰ ਦੇਵੇ। ਜੇਕਰ ਉਸ ਵੱਲੋਂ ਮਿੱਥੇ ਸਮੇਂ ਅੰਦਰ ਕੋਈ ਉੱਤਰ ਨਹੀਂ ਦਿੱਤਾ ਤਾਂ ਇਹ ਸਮਝ ਲਿਆ ਜਾਵੇਗਾ ਕਿ ਉਹ ਆਪਣੇ ਪੱਖ ਵਿੱਚ ਕੁਝ ਨਹੀਂ ਕਹਿਣਾ ਚਾਹੁੰਦੀ ਅਤੇ ਉਸ ਵਿਰੁੱਧ ਆਰੰਭੀ ਅਨੁਸ਼ਾਸਨੀ ਕਾਰਵਾਈ ਨੂੰ ਮੁਕੰਮਲ ਕਰਦੇ ਹੋਏ ਉਸ ਦੀਆਂ ਸੇਵਾਵਾਂ ਪੰਜਾਬ ਸਿਵਲ ਸੇਵਾਵਾਂ(ਸਜ਼ਾ ਅਤੇ ਅਪੀਲ) ਨਿਯਮਾਵਲੀ 1970 ਦੇ ਨਿਯਮ 5(viii) ਤਹਿਤ ਖਤਮ ਕਰ ਦਿੱਤੀਆਂ ਜਾਣਗੀਆਂ। ਪਰੰਤੂ ਇਸ ਨੋਟਿਸ ਦੇ ਜਵਾਬ ਵਿੱਚ ਕਰਮਚਾਰਨ ਨੇ ਨਾ ਤਾਂ ਕੋਈ ਉੱਤਰ ਦਿੱਤਾ ਅਤੇ ਨਾ ਹੀ ਡਾਇਰੈਕਟਰ ਸਿੱਖਿਆ ਵਿਭਾਗ(ਸੈਸਿ) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕੀਤਾ। ਇਸ ਤੋਂ ਇਹ ਸਪਸ਼ਟ ਹੈ ਕਿ ਕਰਮਚਾਰਨ ਸਰਕਾਰੀ ਨੌਕਰੀ ਚਾਲੂ ਰੱਖਣ ਵਿੱਚ ਦਿਲਚਸਪੀ ਨਹੀਂ ਰੱਖਦੀ ਅਤੇ ਉਸਨੂੰ ਆਪਣੇ ਵਿਰੁੱਧ ਲੱਗੇ ਦੋਸ਼ਾਂ ਤੋਂ ਇਨਕਾਰੀ ਨਹੀਂ ਹੈ।

ਮੈਂ ਬਲਬੀਰ ਸਿੰਘ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ, ਐਸ.ਏ.ਐਸ.ਨਗਰ ਸਮਰੱਥ ਅਧਿਕਾਰੀ ਹੋਣ ਦੇ ਨਾਤੇ ਸ਼੍ਰੀਮਤੀ ਸ਼ਰਨਜੀਤ ਕੌਰ, ਪੰਜਾਬੀ ਮਿਸਟ੍ਰੈਸ, ਸਰਕਾਰੀ ਮਿਡਲ ਸਕੂਲ ਸ਼ਾਮਦੂ ਕੰਪ: ਸਕੰਹਸ ਕਾਲਕਾ ਰੋਡ, ਰਾਜਪੁਰਾ ਜ਼ਿਲ੍ਹਾ ਪਟਿਆਲਾ, ਦੇ ਮਿਤੀ 25-04-2008 ਤੋਂ ਹੁਣ ਲਗਾਤਾਰ ਜਾਣਬੁਝ ਕੇ ਅਣਅਧਿਕਾਰਤ ਤੌਰ ਤੇ ਸਰਕਾਰੀ ਡਿਊਟੀ ਤੋਂ ਗੈਰਹਾਜਰ ਰਹਿਣ ਦੇ ਦੋਸ਼ ਕਾਰਨ ਪੰਜਾਬ ਸਿਵਲ ਸੇਵਾਵਾਂ (ਸਜਾ ਅਤੇ ਅਪੀਲ) ਨਿਯਮਾਵਲੀ 1970 ਦੇ ਨਿਯਮ 5 (VIII) ਅਧੀਨ ਇਸ ਦੀਆਂ ਸੇਵਾਵਾਂ ਤਤਕਾਲ ਸਮੇਂ ਤੋ ਖਤਮ ਕਰਦਾ ਹਾਂ।

ਬਲਬੀਰ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ

ਪਿਠ ਅੰਕਣ ਨੰ: ਉਕਤ 21887-90
ਮਿਤੀ, ਐਸ.ਏ.ਐਸ.ਨਗਰ :- 15/12/15

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਮੰਡਲ ਸਿੱਖਿਆ ਅਫਸਰ, ਨਾਭਾ।
2. (ਰਜਿ) ਜਿਲਾ ਸਿੱਖਿਆ ਅਫਸਰ (ਸੈ:ਸਿ), ਪਟਿਆਲਾ ਨੂੰ ਕਰਮਚਾਰਨ ਦੀ ਸੇਵਾਪੱਤਰੀ ਭੇਜ ਕੇ ਲਿਖਿਆ ਜਾਂਦਾ ਹੈ ਕਿ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਸੇਵਾਵਾ ਖਤਮ ਕਰਨ ਸਬੰਧੀ ਇੰਦਰਾਜ ਯਕੀਨੀ ਬਣਾਇਆ ਜਾਵੇ ਅਤੇ ਕਾਪੀ ਇਸ ਦਫਤਰ ਨੂੰ ਉਪਲਬੱਧ ਕਰਵਾਈ ਜਾਵੇ। ਇਸ ਪੱਤਰ ਦੀ ਪਹੁੰਚ ਰਸੀਦ ਭੇਜੀ ਜਾਵੇ।
3. ਮੁੱਖਅਧਿਆਪਕ, ਸਕੰਹਸ ਕਾਲਕਾ ਰੋਡ, ਰਾਜਪੁਰਾ ਜ਼ਿਲ੍ਹਾ ਪਟਿਆਲਾ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਕਰਮਚਾਰਨ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਇੰਦਰਾਜ ਕੀਤਾ ਜਾਵੇ। ਇਹ ਹੁਕਮ ਕਰਮਚਾਰਨ ਦੇ ਮੌਜੂਦਾ ਘਰ ਦੇ ਪੱਤੇ ਤੇ ਵੀ ਰਜਿਸਟਰਡ ਡਾਕ ਰਾਂਹੀ ਭੇਜੇ ਜਾਣ।
4. ਸ਼੍ਰੀਮਤੀ ਸ਼ਰਨਜੀਤ ਕੌਰ, ਪੰਜਾਬੀ ਮਿਸਟ੍ਰੈਸ, ਸਰਕਾਰੀ ਮਿਡਲ ਸਕੂਲ ਸ਼ਾਮਦੂ ਕੰਪ: ਸਕੰਹਸ ਕਾਲਕਾ ਰੋਡ, ਰਾਜਪੁਰਾ ਜ਼ਿਲ੍ਹਾ ਪਟਿਆਲਾ।

ਨੱਥੀ: ਸੇਵਾਪੱਤਰੀ(ਅਸਲ)

ਸੁਪਰਡੰਟ ਕੋਆਰਡੀਨੇਸ਼ਨ ਸੈਲ

# ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਐਸ.ਏ.ਐਸ.ਨਗਰ

ਹੁਕਮ ਨੰ: 10/109-2013 ਅ 1(5) ਕੋ:ਸੈਲ:3
ਮਿਤੀ, ਐਸ.ਏ.ਐਸ.ਨਗਰ :- 01.12.2015

ਸ੍ਰੀਮਤੀ ਗੁਰਪ੍ਰੀਤ ਕੌਰ, ਲੈਕਚਰਾਰ ਬਾਇਆਲੋਜੀ, ਸਸਸਸ, ਬੜਾ ਪਿੰਡ ਲੀਅਨ ਸਸਸਸ, ਸੰਗੋਵਾਲ (ਜਲੰਧਰ) ਜੋ ਮਿਤੀ 02-06-2002 ਤੋਂ ਹੁਣ ਤੱਕ ਸਰਕਾਰੀ ਡਿਊਟੀ ਤੋਂ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਚੱਲੀ ਆ ਰਹੀ ਹੈ ਨੂੰ ਇਸ ਵਿਭਾਗ ਦੇ ਹੁਕਮ ਨੰ: 10/109-2013 ਅ 1(5) ਕੋ:ਸ:3/552 ਮਿਤੀ 25.02.15/30.03.15 ਰਾਹੀਂ ਪੰਜਾਬ ਸਿਵਲ ਸੇਵਾਵਾਂ (ਸਜ਼ਾ ਅਤੇ ਅਪੀਲ) ਨਿਯਮਾਂਵਲੀ 1970 ਦੀ ਧਾਰਾ 8 ਦੇ ਨਿਯਮ 5(v-ix) ਅਧੀਨ ਦੋਸ਼ ਸੂਚੀ ਜਾਰੀ ਕੀਤੀ ਗਈ।

ਸ੍ਰੀਮਤੀ ਗੁਰਪ੍ਰੀਤ ਕੌਰ, ਲੈਕਚਰਾਰ ਬਾਇਆਲੋਜੀ, ਸਸਸਸ, ਬੜਾ ਪਿੰਡ ਲੀਅਨ ਸਸਸਸ, ਸੰਗੋਵਾਲ (ਜਲੰਧਰ) ਵੱਲੋਂ ਦੋਸ਼ ਸੂਚੀ ਦਾ ਉੱਤਰ ਪ੍ਰਾਪਤ ਨਾ ਹੋਣ ਕਾਰਨ, ਉਸ ਵਿਰੁੱਧ ਦੋਸ਼ ਸੂਚੀ ਵਿਚ ਲਗਾਏ ਗਏ ਦੋਸ਼ਾਂ ਦੀ ਸਚਾਈ ਜਾਨਣ ਲਈ ਇਸ ਵਿਭਾਗ ਦੇ ਹੁਕਮ ਨੰ: 10/109-2013 ਅ 1(5) ਕੋ:ਸ:3 ਮਿਤੀ 04.05.15/13.05.15 ਰਾਂਹੀ ਮੰਡਲ ਸਿੱਖਿਆ ਅਫਸਰ ਜਲੰਧਰ ਨੂੰ ਪੜਤਾਲੀਆ ਅਫਸਰ ਨਿਯੁਕਤ ਕੀਤਾ ਗਿਆ। ਪੜਤਾਲੀਆ ਅਫਸਰ ਵੱਲੋਂ ਆਪਣੀ ਪੜਤਾਲ ਰਿਪੋਰਟ ਵਿੱਚ ਕਰਮਚਾਰਨ ਦੇ ਮਿਤੀ 02-06-2002 ਤੋਂ ਹੁਣ ਤੱਕ ਅਣਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਦਾ ਦੋਸ਼ ਸਿੱਧ ਕੀਤਾ।

ਕੁਦਰਤੀ ਨਿਆਂ ਨੂੰ ਮੁੱਖ ਰੱਖਦਿਆਂ ਹੋਇਆ ਸ੍ਰੀਮਤੀ ਗੁਰਪ੍ਰੀਤ ਕੌਰ, ਲੈਕਚਰਾਰ ਬਾਇਆਲੋਜੀ, ਸਸਸਸ, ਬੜਾ ਪਿੰਡ ਲੀਅਨ ਸਸਸਸ, ਸੰਗੋਵਾਲ (ਜਲੰਧਰ) ਨੂੰ ਆਪਣੀ ਡਿਊਟੀ ਤੋਂ ਅਣਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਕਾਰਨ ਮਿਤੀ 29.10.15 ਨੂੰ ਹਿੰਦੁਸਤਾਨ ਟਾਈਮਜ ਚੰਡੀਗੜ੍ਹ ਵਿੱਚ ਪਬਲਿਕ ਨੋਟਿਸ ਦਿੱਤਾ ਗਿਆ ਜਿਸ ਵਿੱਚ ਲੜੀ ਨੰ: 8 ਤੇ ਕਰਮਚਾਰਨ ਦਾ ਨਾਮ ਦਰਸਾਇਆ ਗਿਆ। ਇਸ ਪਬਲਿਕ ਨੋਟਿਸ ਰਾਹੀਂ ਇਸ ਕਰਮਚਾਰਨ ਨੂੰ ਮੌਕਾ ਦਿੱਤਾ ਗਿਆ ਕਿ ਉਹ ਆਪਣੇ ਪੱਖ ਵਿੱਚ ਜੇਕਰ ਕੁਝ ਕਹਿਣਾ ਚਾਹੁੰਦੀ ਹੈ ਤਾਂ 21 ਦਿਨਾਂ ਦੇ ਅੰਦਰ-ਅੰਦਰ ਆਪਣਾ ਉੱਤਰ ਦੇਵੇ। ਜੇਕਰ ਉਸ ਵੱਲੋਂ ਮਿੱਥੇ ਸਮੇਂ ਅੰਦਰ ਕੋਈ ਉੱਤਰ ਨਹੀਂ ਦਿੱਤਾ ਤਾਂ ਇਹ ਸਮਝ ਲਿਆ ਜਾਵੇਗਾ ਕਿ ਉਹ ਆਪਣੇ ਪੱਖ ਵਿੱਚ ਕੁਝ ਨਹੀਂ ਕਹਿਣਾ ਚਾਹੁੰਦੀ ਅਤੇ ਉਸ ਵਿਰੁੱਧ ਆਰੰਭੀ ਅਨੁਸ਼ਾਸਨੀ ਕਾਰਵਾਈ ਨੂੰ ਮੁਕੰਮਲ ਕਰਦੇ ਹੋਏ ਉਸ ਦੀਆਂ ਸੇਵਾਵਾਂ ਪੰਜਾਬ ਸਿਵਲ ਸੇਵਾਵਾਂ(ਸਜ਼ਾ ਅਤੇ ਅਪੀਲ) ਨਿਯਮਾਵਲੀ 1970 ਦੇ ਨਿਯਮ 5(viii) ਤਹਿਤ ਖਤਮ ਕਰ ਦਿੱਤੀਆਂ ਜਾਣਗੀਆਂ। ਪਰੰਤੂ ਇਸ ਨੋਟਿਸ ਦੇ ਜਵਾਬ ਵਿੱਚ ਕਰਮਚਾਰਨ ਨੇ ਨਾ ਤਾਂ ਕੋਈ ਉੱਤਰ ਦਿੱਤਾ ਅਤੇ ਨਾ ਹੀ ਡਾਇਰੈਕਟਰ ਸਿੱਖਿਆ ਵਿਭਾਗ(ਸੈਸਿ) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕੀਤਾ। ਇਸ ਤੋਂ ਇਹ ਸਪਸ਼ਟ ਹੈ ਕਿ ਕਰਮਚਾਰਨ ਸਰਕਾਰੀ ਨੌਕਰੀ ਚਾਲੂ ਰੱਖਣ ਵਿੱਚ ਦਿਲਚਸਪੀ ਨਹੀਂ ਰੱਖਦੀ ਅਤੇ ਉਸਨੂੰ ਆਪਣੇ ਵਿਰੁੱਧ ਲੱਗੇ ਦੋਸ਼ਾਂ ਤੋਂ ਇਨਕਾਰੀ ਨਹੀਂ ਹੈ।

ਮੈਂ ਬਲਬੀਰ ਸਿੰਘ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ, ਐਸ.ਏ.ਐਸ.ਨਗਰ ਸਮਰੱਥ ਅਧਿਕਾਰੀ ਹੋਣ ਦੇ ਨਾਤੇ ਸ੍ਰੀਮਤੀ ਗੁਰਪ੍ਰੀਤ ਕੌਰ, ਲੈਕਚਰਾਰ ਬਾਇਆਲੋਜੀ, ਸਸਸਸ, ਬੜਾ ਪਿੰਡ ਲੀਅਨ ਸਸਸਸ, ਸੰਗੋਵਾਲ (ਜਲੰਧਰ), ਦੇ ਮਿਤੀ 02-06-2002 ਤੋਂ ਹੁਣ ਲਗਾਤਾਰ ਜਾਣਬੁਝ ਕੇ ਅਣਅਧਿਕਾਰਤ ਤੌਰ ਤੇ ਸਰਕਾਰੀ ਡਿਊਟੀ ਤੋਂ ਗੈਰਹਾਜਰ ਰਹਿਣ ਦੇ ਦੋਸ਼ ਕਾਰਨ ਪੰਜਾਬ ਸਿਵਲ ਸੇਵਾਵਾਂ (ਸਜਾ ਅਤੇ ਅਪੀਲ) ਨਿਯਮਾਵਲੀ 1970 ਦੇ ਨਿਯਮ 5 (VIII) ਅਧੀਨ ਇਸ ਦੀਆਂ ਸੇਵਾਵਾਂ ਤਤਕਾਲ ਸਮੇਂ ਤੋਂ ਖਤਮ ਕਰਦਾ ਹਾਂ।

ਬਲਬੀਰ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ

ਪਿਠ ਅੰਕਣ ਨੰ: ਉਕਤ 21891-95 ਮਿਤੀ, ਐਸ.ਏ.ਐਸ.ਨਗਰ :- 15/12/15

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਮੰਡਲ ਸਿੱਖਿਆ ਅਫਸਰ, ਜਲੰਧਰ।
2. ਜਿਲਾ ਸਿੱਖਿਆ ਅਫਸਰ (ਸੈ:ਸਿ), ਜਲੰਧਰ ਨੂੰ ਕਰਮਚਾਰਨ ਦੀ ਸੇਵਾਪੱਤਰੀ ਭੇਜ ਕੇ ਲਿਖਿਆ ਜਾਂਦਾ ਹੈ ਕਿ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਸੇਵਾਵਾ ਖਤਮ ਕਰਨ ਸਬੰਧੀ ਇੰਦਰਾਜ ਯਕੀਨੀ ਬਣਾਇਆ ਜਾਵੇ ਅਤੇ ਕਾਪੀ ਇਸ ਦਫਤਰ ਨੂੰ ਉਪਲਬੱਧ ਕਰਵਾਈ ਜਾਵੇ। ਇਸ ਪੱਤਰ ਦੀ ਪਹੁੰਚ ਰਸੀਦ ਭੇਜੀ ਜਾਵੇ। (ਰਜਿ)
3. ਪ੍ਰਿੰਸੀਪਲ, ਸਸਸਸ, ਸੰਗੋਵਾਲ, ਜ਼ਿਲ੍ਹਾ ਜਲੰਧਰ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਕਰਮਚਾਰਨ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਇੰਦਰਾਜ ਕੀਤਾ ਜਾਵੇ। ਇਹ ਹੁਕਮ ਕਰਮਚਾਰਨ ਦੇ ਮੌਜੂਦਾ ਘਰ ਦੇ ਪੱਤੇ ਤੇ ਵੀ ਰਜਿਸਟਰਡ ਡਾਕ ਰਾਂਹੀ ਭੇਜੇ ਜਾਣ।
4. ਪ੍ਰਿੰਸੀਪਲ, ਸਸਸਸ ਬੜਾ ਪਿੰਡ ਨੂੰ ਸੂਚਨਾ ਹਿਤ।
5. ਸ੍ਰੀਮਤੀ ਗੁਰਪ੍ਰੀਤ ਕੌਰ, ਲੈਕਚਰਾਰ ਬਾਇਆਲੋਜੀ, ਸਸਸਸ, ਬੜਾ ਪਿੰਡ ਲੀਅਨ ਸਸਸਸ, ਸੰਗੋਵਾਲ (ਜਲੰਧਰ)।

ਨੱਥੀ: ਸੇਵਾਪੱਤਰੀ(ਅਸਲ)

ਸੁਪਰਡੰਟ ਕੋਆਰਡੀਨੇਸ਼ਨ ਸੈਲ